**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ, ਐਸ.ਏ.ਐਸ. ਨਗਰ**
**(ਕੋਆਰਡੀਨੇਸ਼ਨ ਸ਼ਾਖਾ)**

ਸੇਵਾ ਵਿਖੇ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ), ਪੰਜਾਬ।
ਸਮੂਹ ਪ੍ਰਿੰਸੀਪਲ/ਸਕੂਲ ਮੁੱਖੀ, ਪੰਜਾਬ (ਵੈਬਸਾਈਟ ਰਾਹੀਂ)

ਮੀਮੋ ਨੰ: 15/1-2017 ਕੋ ਸ਼ਾਖਾ (1)/ 78824
ਮਿਤੀ: 12.03.2019

**ਵਿਸ਼ਾ:** **ਪੰਜਾਬੀ ਰਾਜ ਭਾਸ਼ਾ (ਤਰਮੀਮ) ਐਕਟ, 2008 ਅਨੁਸਾਰ ਸਾਰਾ ਦਫਤਰੀ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿੱਚ ਨਾ ਕਰਨ ਸਬੰਧੀ।**

ਹਵਾਲਾ: ਪੰਜਾਬ ਸਰਕਾਰ, ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ (ਸਿੱਖਿਆ ਸੈਲ) ਦਾ ਪੱਤਰ ਨੰ: 6/14/2018-2ਸਿੱ.ਸੈਲ/1409805/1 ਮਿਤੀ 01.02.2019.

1. ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਰਾਹੀਂ ਪੰਜਾਬ ਸਰਕਾਰ, ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ (ਸਿੱਖਿਆ ਸੈਲ) ਵੱਲੋਂ ਪੰਜਾਬੀ ਰਾਜ ਭਾਸ਼ਾ (ਤਰਮੀਮ) ਐਕਟ, 2008 ਅਨੁਸਾਰ ਸਾਰਾ ਦਫਤਰੀ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿੱਚ ਕਰਨ ਸਬੰਧੀ ਪੱਤਰ ਪ੍ਰਾਪਤ ਹੋਇਆ ਹੈ।
2. ਪੱਤਰ ਵਿੱਚ ਦਰਜ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ।

ਨੱਥੀ: ਉਕਤ ਅਨੁਸਾਰ

11.3.19
ਸਹਾਇਕ ਡਾਇਰੈਕਟਰ (ਕੋ.ਸ਼ਾਖਾ)

ਪਿੱ.ਅੰ. ਨੰ: ਉਕਤ ਮਿਤੀ: 12 03.2019

ਉਤਾਰਾ ਸਮੂਹ ਅਧਿਕਾਰੀ/ਸ਼ਾਖਾ ਮੁੱਖੀ, ਦਫਤਰ ਡੀ.ਪੀ.ਆਈ. (ਸੈਸਿ) ਪੰਜਾਬ ਨੂੰ ਇੰਨ ਬਿੰਨ ਪਾਲਣਾ ਹਿੱਤ ਭੇਜਿਆ ਜਾਦਾ ਹੈ।

11.3.19
ਸਹਾਇਕ ਡਾਇਰੈਕਟਰ (ਕੋ.ਸ਼ਾਖਾ)

1002
18/2/19

ਨੰ: 6/14/2018-2ਸਿੱ.ਸੈੱਲ/1409805/1

ਪੰਜਾਬ ਸਰਕਾਰ

ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

(ਸਿੱਖਿਆ ਸੈੱਲ)

ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ)
ਡਾਇਰੀ ਨੰ: 4570
ਮਿਤੀ: 14-02-19

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਸਮੂਹ ਡਵੀਜ਼ਨਾਂ ਦੇ ਕਮਿਸ਼ਨਰ/ਸਮੂਹ ਡਿਪਟੀ ਕਮਿਸ਼ਨਰ,
ਸਮੂਹ ਵਿਭਾਗਾਂ ਦੇ ਮੁੱਖੀ/ਬੋਰਡਾਂ, ਕਾਰਪੋਰੇਸ਼ਨਾਂ ਦੇ ਮੁੱਖੀ,
ਜ਼ਿਲ੍ਹਾ ਅਤੇ ਸੈਸ਼ਨ ਜੱਜ, ਉਪ ਮੰਡਲ ਅਫਸਰ (ਸਿਵਲ) ਅਤੇ
ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈਕੋਰਟ।

12/2/19

ਮਿਤੀ, ਚੰਡੀਗੜ੍ਹ: 01 ਫਰਵਰੀ, 2019

14.2.19

ਵਿਸ਼ਾ: ਪੰਜਾਬੀ ਰਾਜ ਭਾਸ਼ਾ (ਤਰਮੀਮ) ਐਕਟ, 2008 ਅਨੁਸਾਰ ਸਾਰਾ ਦਫ਼ਤਰੀ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿੱਚ ਨਾ ਕਰਨ ਸਬੰਧੀ।

****

ਉਪਰੋਕਤ ਵਿਸ਼ੇ ਤੇ ਸਰਕਾਰ ਦੇ ਪੱਤਰ ਨੰ: 6/14/18-1ਸਿੱ.ਸੈੱਲ/1312300/1, ਮਿਤੀ 05.09.2018 (ਕਾਪੀ ਨੱਥੀ) ਰਾਹੀਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਵੱਲ ਧਿਆਨ ਦੇਣ ਦੀ ਖੇਚਲ ਕਰਨਾ।

2. ਹਵਾਲਾ ਅਧੀਨ ਪੱਤਰ ਰਾਹੀਂ ਪੰਜਾਬ ਸਰਕਾਰ ਦੇ ਸਾਰੇ ਦਫਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਨੂੰ ਸਮੁੱਚਾ ਦਫਤਰੀ ਕੰਮ-ਕਾਜ, ਭਾਰਤ ਸਰਕਾਰ ਅਤੇ ਦੂਜੇ ਰਾਜਾਂ ਨਾਲ ਕੀਤੀ ਜਾਣ ਵਾਲੀ ਲਿਖਾ-ਪੜ੍ਹੀ ਨੂੰ ਛੱਡਕੇ, ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਕੇਵਲ ਪੰਜਾਬੀ ਭਾਸ਼ਾ ਵਿੱਚ ਕਰਨ ਅਤੇ ਵੈੱਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿੱਚ ਵੀ ਤਿਆਰ ਕਰਕੇ ਅਪਲੋਡ ਕਰਨ ਹਿੱਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ। ਸਰਕਾਰ ਦੇ ਧਿਆਨ ਵਿੱਚ ਆਇਆ ਹੈ ਕਿ ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਨਹੀਂ ਹੋ ਰਹੀ ਹੈ, ਕਿਉਂਜੋ ਇਸ ਵਿਭਾਗ ਨੂੰ ਸਰਕਾਰੀ ਅਦਾਰਿਆਂ ਵੱਲੋਂ ਪੰਜਾਬੀ ਭਾਸ਼ਾ ਵਿੱਚ ਕੰਮ-ਕਾਜ ਨਾ ਕਰਨ ਸਬੰਧੀ ਸ਼ਿਕਾਇਤਾਂ ਪ੍ਰਾਪਤ ਹੋ ਰਹੀਆਂ ਹਨ।

3. ਕ੍ਰਿਪਾ ਕਰਕੇ ਆਪਣੇ ਅਧੀਨ ਆਉਂਦੇ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਅਤੇ ਵੈਬੱਸਾਈਟਾਂ

ਚਲਦਾ ਪੰਨਾ/2.....

ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿੱਚ (ਭਾਵ ਦੋਨੋਂ ਭਾਸ਼ਾਵਾਂ ਵਿੱਚ) ਤਿਆਰ ਕਰਨ ਲਈ ਲੋੜੀਂਦੀਆਂ ਹਦਾਇਤਾਂ ਜਾਰੀ ਕਰਨੀਆਂ ਯਕੀਨੀ ਬਣਾਈਆਂ ਜਾਣ।

ਸਕੱਤਰ, ਪੰਜਾਬ ਸਰਕਾਰ,
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ।

ਉਪਰੋਕਤ ਦਾ ਇੱਕ ਉਤਾਰਾ ਸਮੂਹ ਵਧੀਕ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਪ੍ਰਬੰਧਕੀ ਕੰਟਰੋਲ ਅਧੀਨ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਹਿੱਤ ਯੋਗ ਕਦਮ ਚੁੱਕਣ ਦੀ ਕ੍ਰਿਪਾਲਤਾ ਕਰਨ।

ਸਕੱਤਰ, ਪੰਜਾਬ ਸਰਕਾਰ,
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ।

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅੰ:ਵਿ:ਪੱ:ਨੰ: 6/14/2018-2ਸਿੱ.ਸੈੱਲ/1409805/2 ਮਿਤੀ, ਚੰਡੀਗੜ੍ਹ: 01 ਫਰਵਰੀ, 2

ਨੰ. 6/14/2018-1ਸਿੱ.ਸੈੱਲ /1312300/1
ਪੰਜਾਬ ਸਰਕਾਰ,
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ
(ਸਿੱਖਿਆ ਸੈੱਲ)

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਸਮੂਹ ਡਵੀਜ਼ਨਾਂ ਦੇ ਕਮਿਸ਼ਨਰ/ਸਮੂਹ ਡਿਪਟੀ ਕਮਿਸ਼ਨਰ,
ਸਮੂਹ ਵਿਭਾਗਾਂ ਦੇ ਮੁੱਖੀ/ਬੋਰਡਾਂ, ਕਾਰਪੋਰੇਸ਼ਨਾਂ ਦੇ ਮੁੱਖੀ,
ਜ਼ਿਲ੍ਹਾ ਅਤੇ ਸੈਸ਼ਨ ਜੱਜ, ਉਪ ਮੰਡਲ ਅਫ਼ਸਰ(ਸਿਵਲ) ਅਤੇ
ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈਕੋਰਟ

ਮਿਤੀ, ਚੰਡੀਗੜ੍ਹ: 5/9/18

**ਵਿਸ਼ਾ:-** **ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਅਨੁਸਾਰ ਸਾਰਾ ਦਫ਼ਤਰੀ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿਚ ਕਰਨ ਬਾਰੇ।**

ਸ੍ਰੀਮਾਨ ਜੀ/ਸ੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਜੀ ਦਾ ਧਿਆਨ ਪੰਜਾਬ ਰਾਜ ਭਾਸ਼ਾ ਐਕਟ, 1967 ਅਤੇ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008, ਜਿਨ੍ਹਾਂ ਦੀ ਕਾਪੀ ਨਾਲ ਨੱਥੀ ਹੈ, ਵੱਲ ਦਿਵਾਉਂਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਪੰਜਾਬ ਰਾਜ ਦੇ ਸਕੱਤਰੇਤ, ਸਮੂਹ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਵਿਚ ਸਮੁੱਚਾ ਦਫ਼ਤਰੀ ਕੰਮ-ਕਾਜ ਪੰਜਾਬ ਦੀ ਰਾਜ ਭਾਸ਼ਾ ਪੰਜਾਬੀ ਵਿਚ ਕੀਤਾ ਜਾਣਾ ਲਾਜ਼ਮੀ ਹੈ।ਪੰਜਾਬ ਸਰਕਾਰ ਵਲੋਂ ਦਫਤਰੀ ਕੰਮ-ਕਾਜ ਵਿੱਚ ਪੰਜਾਬੀ ਭਾਸ਼ਾ ਦੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਸਮੇਂ-ਸਮੇਂ ਤੇ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਰਹੀਆਂ ਹਨ। ਸਰਕਾਰ ਇਹ ਚਾਹੁੰਦੀ ਹੈ ਕਿ ਪੰਜਾਬ ਰਾਜ ਭਾਸ਼ਾ ਐਕਟ ਅਤੇ ਉਸ ਅਧੀਨ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਰਾਜ ਪ੍ਰਬੰਧ ਦਾ ਸਾਰਾ ਕੰਮ-ਕਾਜ ਪੰਜਾਬੀ ਭਾਸ਼ਾ ਵਿੱਚ ਹੀ ਕੀਤਾ ਜਾਵੇ। ਪਰੰਤੂ ਆਮ ਤੌਰ ਤੇ ਇਹ ਵੇਖਣ ਵਿੱਚ ਆਇਆ ਹੈ ਕਿ ਪੰਜਾਬ ਸਰਕਾਰ ਦੇ ਕੁਝ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਹਾਲੇ ਵੀ ਦਫਤਰੀ ਨੋਟਿੰਗ/ਖਰੜੇ ਆਦਿ ਦਾ ਕੰਮ ਅੰਗਰੇਜ਼ੀ ਭਾਸ਼ਾ ਵਿਚ ਹੀ ਕੀਤਾ ਜਾ ਰਿਹਾ ਹੈ ਅਤੇ ਪੱਤਰਾਂ ਦੇ ਉੱਤਰ ਵੀ ਅੰਗਰੇਜ਼ੀ ਭਾਸ਼ਾ ਵਿੱਚ ਦਿੱਤੇ ਜਾ ਰਹੇ ਹਨ। ਇਹ ਰੁਝਾਨ ਸਕੱਤਰੇਤ ਪੱਧਰ ਦੇ ਦਫਤਰਾਂ ਵਿੱਚ ਅਤੇ ਪੰਜਾਬ ਦੇ ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਦਫਤਰਾਂ ਵਿੱਚ ਕਾਫੀ ਵੇਖਣ ਵਿੱਚ ਮਿਲਦਾ ਹੈ, ਜੋ ਪੰਜਾਬ ਰਾਜ ਭਾਸ਼ਾ ਐਕਟ ਦੀ ਉਲੰਘਣਾ ਹੈ।

ਪੰਜਾਬ ਵਿਧਾਨ ਸਭਾ ਦੇ ਮਹੀਨਾ ਅਗਸਤ,2018 ਵਿੱਚ ਚਲੇ ਮਾਨਸੂਨ ਇਜਲਾਸ ਦੌਰਾਨ ਨਿਯਮ 66 ਅਧੀਨ "ਧਿਆਨ ਦਿਵਾਉ ਨੋਟਿਸ" ਰਾਹੀਂ ਵੀ ਇਹ ਗੱਲ ਸਰਕਾਰ ਦੇ ਧਿਆਨ ਵਿੱਚ ਲਿਆਂਦੀ ਗਈ ਹੈ ਕਿ ਪੰਜਾਬ ਸਰਕਾਰ ਦੇ ਕੁਝ ਅਧਿਕਾਰੀਆਂ ਵੱਲੋਂ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਇਸ " ਧਿਆਨ ਦਿਵਾਊ ਨੋਟਿਸ " ਦਾ ਉਤਰ ਦਿੰਦਿਆਂ ਮਾਨਯੋਗ ਉਚੇਰੀ ਸਿੱਖਿਆ ਅਤੇ ਭਾਸ਼ਾ ਮੰਤਰੀ ਜੀ ਨੇ ਵਿਧਾਨ ਸਭਾ ਦੇ ਮੈਂਬਰਾਂ ਨੂੰ ਵਿਸ਼ਵਾਸ਼ ਦਿਵਾਇਆ ਹੈ ਕਿ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇਗੀ ਅਤੇ ਅੱਗੇ ਤੋਂ ਪ੍ਰਸ਼ਾਸ਼ਨ ਦਾ ਸਾਰਾ ਕੰਮ-ਕਾਜ ਪੰਜਾਬ ਦੀ ਰਾਜ ਭਾਸ਼ਾ ਪੰਜਾਬੀ ਵਿੱਚ ਕੀਤਾ ਜਾਵੇਗਾ।

ਇਸ ਲਈ ਆਪ ਨੂੰ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ ਪੰਜਾਬ ਸਰਕਾਰ ਦੇ ਸਾਰੇ ਦਫਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਦਾ ਸਮੁੱਚਾ ਦਫਤਰੀ ਕੰਮ-ਕਾਜ, ਭਾਰਤ ਸਰਕਾਰ ਅਤੇ ਦੂਜੇ ਰਾਜਾਂ ਨਾਲ ਕੀਤੀ ਜਾਣ ਵਾਲੀ ਲਿਖਾ-ਪੜ੍ਹੀ ਨੂੰ ਛੱਡ ਕੇ, ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਕੇਵਲ ਪੰਜਾਬੀ ਭਾਸ਼ਾ ਵਿੱਚ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।

ਇਹ ਵੀ ਧਿਆਨ ਵਿੱਚ ਆਇਆ ਹੈ ਕਿ ਪੰਜਾਬ ਸਰਕਾਰ ਦੇ ਸਮੂਹ ਦਫਤਰਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੀਆਂ ਵੈੱਬਸਾਈਟਾਂ ਕੇਵਲ ਅੰਗਰੇਜ਼ੀ ਭਾਸ਼ਾ ਵਿੱਚ ਹੀ ਬਣੀਆਂ ਹੋਈਆਂ ਹਨ, ਜਿਸ ਕਾਰਨ ਪੰਜਾਬ ਦੀ ਆਮ ਜਨਤਾ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦੀ ਜਾਣਕਾਰੀ ਤੋਂ ਵਾਂਝੇ ਰਹਿ ਜਾਂਦੀ ਹੈ। ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਰਾਹੀਂ ਚਲਾਈਆਂ ਜਾ ਰਹੀਆਂ ਸਕੀਮਾਂ ਜ਼ਿਆਦਾਤਰ ਪੰਜਾਬ ਦੀ ਆਮ ਜਨਤਾ ਲਈ ਹੀ ਹਨ। ਇਸ ਲਈ ਸਮੂਹ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੀਆਂ ਵੈਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿੱਚ (ਭਾਵ ਦੋਨੋਂ ਭਾਸ਼ਾਵਾਂ ਵਿੱਚ) ਤਿਆਰ ਕਰਕੇ ਅਪਲੋਡ ਕਰਨ ਤਾਂ ਜੋ ਪੰਜਾਬ ਵਾਸੀ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।

ਚਲਦਾ ਪੰਨਾ/2.....

ਕਿਰਪਾ ਕਰਕੇ ਆਪਣੇ ਅਧੀਨ ਆਉਂਦੇ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵਲੋਂ ਇਹਨਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਣੀ ਯਕੀਨੀ ਬਣਾਈ ਜਾਵੇ।

ਵਿਸ਼ਵਾਸਪਾਤਰ,

(ਡੀ.ਕੇ.ਮੀਨਾ)
ਸਕੱਤਰ, ਪੰਜਾਬ ਸਰਕਾਰ,
ਉੱਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ।

ਉਪਰੋਕਤ ਦਾ ਇੱਕ ਉਤਾਰਾ ਸਮੂਹ ਵਧੀਕ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ,ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਪ੍ਰਬੰਧਕੀ ਕੰਟਰੋਲ ਅਧੀਨ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵਲੋਂ ਉਕੱਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਹਿੱਤ ਯੋਗ ਕਦਮ ਚੁੱਕਣ ਦੀ ਕ੍ਰਿਪਾਲਤਾ ਕਰਨ।

ਸਕੱਤਰ, ਪੰਜਾਬ ਸਰਕਾਰ,
ਉੱਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ।

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅੰ:ਵਿ:ਪੱ:ਨੰ: 6/14/2018-1ਸਿੱ.ਸੈੱਲ/ 13122911/1 ਮਿਤੀ, ਚੰਡੀਗੜ੍ਹ: 5/9/18